ਮਿਤੀ 12.02.2022 **ਪ੍ਰੈਸ ਨੋਟ**

## ਜਿਲਾ ਫਿਰੋਜਪੁਰ ਪੁਲਿਸ ਵੱਲੋ ਇੱਕ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 06 ਕਿਲੋ ਅਫੀਮ ਬਰਾਮਦ ਕੀਤੀ ਗਈ

ਡਾ. ਨਰਿੰਦਰ ਭਾਰਗਵ ਆਈ.ਪੀ.ਐਸ ਸੀਨੀਅਰ ਕਪਤਾਨ ਪੁਲਿਸ ਫਿਰੋਜਪੁਰ ਜੀ ਵੱਲੋ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਮਾਨਯੋਗ ਇਲੈਕਸ਼ਨ ਕਮਿਸ਼ਨ ਭਾਰਤ ਸਰਕਾਰ, ਮੁੱਖ ਚੋਣ ਅਫਸਰ ਪੰਜਾਬ ਅਤੇ ਮਾਨਯੋਗ ਡਾਇਰੈਕਟਰ ਜ਼ਨਰਲ ਪੁਲਿਸ, ਪੰਜਾਬ ਜੀ ਵੱਲੋਂ ਇਲੈਕਸ਼ਨ ਦੇ ਸਬੰਧ ਵਿੱਚ ਜ਼ਾਰੀ ਕੀਤੀਆਂ ਹਦਾਇਤਾਂ ਅਨੁਸਾਰ ਜਿਲ੍ਹਾ ਫਿਰੋਜ਼ਪੁਰ ਵਿੱਚ ਮਾੜੇ ਅਨਸਰਾਂ ਵਿਰੁੱਧ ਚਲਾਈ ਗਈ ਸਪੈਸ਼ਲ ਮੁਹਿੰਮ ਤਹਿਤ ਸਪੈਸ਼ਲ ਨਾਕਾਬੰਦੀਆਂ ਅਤੇ ਗਸ਼ਤਾਂ ਚੱਲ ਰਹੀਆਂ ਹਨ, ਜਿਸ ਵਿੱਚ ਜਿਲ੍ਹਾ ਫਿਰੋਜ਼ਪੁਰ ਪੁਲਿਸ ਨੂੰ ਉਸ ਸਮੇਂ ਭਾਰੀ ਸਫਲਤਾ ਹਾਸਲ ਹੋਈ ਜਦੋਂ ਸ਼੍ਰੀ ਮਨਵਿੰਦਰ ਸਿੰਘ, ਕਪਤਾਨ ਪੁਲਿਸ (ਇੰਨਵ:) ਫਿਰੋਜਪੁਰ, ਸ਼੍ਰੀ ਸੰਦੀਪ ਸਿੰਘ, ਉਪ ਕਪਤਾਨ ਪੁਲਿਸ (ਸ:ਡ) ਜ਼ੀਰਾ ਦੀ ਜ਼ੇਰ ਨਿਗਰਾਨੀ ਇੰਸਪੈਕਟਰ ਜਸਵਿੰਦਰ ਸਿੰਘ, ਮੁੱਖ ਅਫਸਰ ਥਾਣਾ ਮੱਖੂ ਦੀ ਰਹਿਨੁਮਾਈ ਹੇਠ ਐਸ.ਆਈ ਨਰਿੰਦਰਪਾਲ ਸਿੰਘ, ਇੰਚਾਰਜ਼ ਪੁਲਿਸ ਚੌਕੀ ਜੋਗੇ ਵਾਲਾ, ਥਾਣਾ ਮੱਖੂ ਸਮੇਤ ਪੁਲਿਸ ਪਾਰਟੀ ਗਸ਼ਤ ਦੇ ਸਬੰਧ ਵਿੱਚ ਜੋਗੇ ਵਾਲਾ ਤੋਂ ਕੁਸੂ ਵਾਲਾ ਮੋੜ ਨੂੰ ਜਾ ਰਹੇ ਸੀ, ਜਦ ਉਹ ਕੁਸੂ ਵਾਲਾ ਮੋੜ ਦੇ ਨਜ਼ਦੀਕ ਪਹੁੰਚੇ ਤਾਂ ਕੁਸੂ ਵਾਲਾ ਮੋੜ ਵੱਲੋਂ ਸਰਦਾਰ ਨੌਜਵਾਨ ਵਿਅਕਤੀ ਆਉਂਦਾ ਦਿਖਾਈ ਦਿੱਤਾ, ਜਿਸਨੇ ਆਪਣੇ ਮੋਢਿਆਂ ਪਰ ਇੱਕ ਪਿੱਠੂ ਬੈਗ ਟੰਗਿਆ ਹੋਇਆ ਸੀ, ਜੋ ਪੁਲਿਸ ਪਾਰਟੀ ਦੀ ਗੱਡੀ ਨੂੰ ਆਉਂਦਾ ਵੇਖਕੇ ਘਬਰਾ ਕੇ ਖਤਾਨਾ ਵੱਲ ਭੱਜਣ ਲੱਗਾ ਤਾਂ ਐਸ.ਆਈ ਨਰਿੰਦਰਪਾਲ ਸਿੰਘ ਵੱਲੋਂ ਪੁਲਿਸ ਪਾਰਟੀ ਦੀ ਮਦਦ ਨਾਲ ਉਸਨੂੰ ਕਾਬੂ ਕੀਤਾ ਗਿਆ, ਜਿਸਨੇ ਆਪਣਾ ਨਾਮ ਗੁਰਜੀਤ ਸਿੰਘ ਉਰਫ ਜੀਤਾ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਪਿੰਡ ਆਈਆ ਖੁਸਰਪੁਰ, ਥਾਣਾ ਸਦਰ ਕਪੂਰਥਲਾ, ਜਿਲ੍ਹਾ ਕਪੂਰਥਲਾ ਦੱਸਿਆ, ਜਿਸਦੀ ਤਲਾਸ਼ੀ ਲੈਣ ਪਰ ਉਸਦੇ ਪਿੱਠੂ ਬੈਗ ਵਿੱਚੋਂ ਲਿਫਾਫਾ ਪਲਾਸਟਿਕ ਵਿੱਚ ਲਪੇਟੀ ਹੋਈ 06 ਕਿਲੋ ਅਫੀਮ ਬਰਾਮਦ ਹੋਈ। ਜਿਸਤੇ ਦੋਸ਼ੀ ਖਿਲਾਫ ਮੁਕੱਦਮਾਂ ਨੰਬਰ 27 ਮਿਤੀ 12-02-2022 ਅ/ਧ 18/61/85 ਐਨ.ਡੀ.ਪੀ.ਐਸ ਐਕਟ ਥਾਣਾ ਮੱਖੂ ਦਰਜ਼ ਕੀਤਾ ਗਿਆ। ਦੋਸ਼ੀ ਨੂੰ ਪੇਸ਼ ਅਦਾਲਤ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ, ਪੁੱਛ-ਗਿੱਛ ਦੌਰਾਨ ਹੋਰ ਬਰਾਮਦਗੀ ਹੋਣ ਦੀ ਸੰਭਾਵਨਾ ਹੈ।

**ਮੁਕੱਦਮਾਂ ਨੰਬਰ 27 ਮਿਤੀ 12-02-2022 ਅ/ਧ 18/61/85 ਐਨ.ਡੀ.ਪੀ.ਐਸ ਐਕਟ ਥਾਣਾ ਮੱਖੂ।**

**ਦੋਸ਼ੀ** : ਗੁਰਜੀਤ ਸਿੰਘ ਉਰਫ ਜੀਤਾ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਪਿੰਡ ਆਈਆ ਖੁਸਰਪੁਰ, ਥਾਣਾ ਸਦਰ ਕਪੂਰਥਲਾ, ਜਿਲ੍ਹਾ ਕਪੂਰਥਲਾ।

**ਬਰਾਮਦਗੀ** : 06 ਕਿਲੋ ਅਫੀਮ।
**ਵਕੂਆ ਦੀ ਜਗ੍ਹਾ** : ਬਾਹੱਦ ਰਕਬਾ ਕੁਸੂ ਵਾਲਾ ਮੋੜ, ਥਾਣਾ ਮੱਖੂ।

**ਦੋਸ਼ੀ ਗੁਰਜੀਤ ਸਿੰਘ ਉਰਫ ਜੀਤਾ ਦੇ ਵਿਰੁੱਧ ਪਹਿਲਾਂ ਦਰਜ਼ ਮੁਕੱਦਮੇਂ :-**

1) ਮੁਕੱਦਮਾਂ ਨੰਬਰ 63/2015 ਅ/ਧ 21/61/85 ਐਨ.ਡੀ.ਪੀ.ਐਸ ਐਕਟ ਥਾਣਾ ਕਪੂਰਥਲਾ।
2) ਮੁਕੱਦਮਾਂ ਨੰਬਰ 239/2018 ਅ/ਧ 22/61/85 ਐਨ.ਡੀ.ਪੀ.ਐਸ ਐਕਟ ਥਾਣਾ ਸਿਟੀ ਕਪੂਰਥਲਾ।
3) ਮੁਕੱਦਮਾਂ ਨੰਬਰ 205/2020 ਅ/ਧ 15/61/85 ਐਨ.ਡੀ.ਪੀ.ਐਸ ਐਕਟ ਥਾਣਾ ਸਦਰ ਕਪੂਰਥਲਾ।
4) ਮੁਕੱਦਮਾਂ ਨੰਬਰ 214/2018 ਅ/ਧ 52-ਏ ਪਰੀਜ਼ਨ ਐਕਟ ਥਾਣਾ ਕੋਤਵਾਲੀ ਕਪੂਰਥਲਾ।